29102025-Patiala-07.qxd 10/29/2025 12:05 AM Page 4

ਮੋਦੀ ਕਾਲਜ ਵਿਖੇ ਕਰਵਾਏ ਪ੍ਰੋਗਰਾਮ ਦਾ ਦ੍ਰਿਸ਼। ਅਜੀਤ ਤਸਵੀਰ

ਮੋਦੀ ਕਾਲਜ ਵਲੋਂ ਅੰਤਰ-ਸੰਸਥਾਗਤ ਵਿਗਿਆਨ ਮੇਲਾ ਕਰਵਾਇਆ

ਪਟਿਆਲਾ: 28 ਅਕਤੂਬਰ (ਗੁਰਵਿੰਦਰ ਸਿੰਘ ਔਲਖ)-ਸਥਾਨਕ ਮੁਲਤਾਨੀ ਮੱਲ ਮੋਦੀ ਕਾਲਜ, ਵਲੋਂ ਅੱਜ ਕਾਲਜ ਪ੍ਰਿੰਸੀਪਲ ਡਾ. ਨੀਰਜ ਗੋਇਲ ਦੀ ਅਗਵਾਈ ਹੇਠ 'ਵਿਕਸਿਤ ਅਤੇ ਆਤਮ-ਨਿਰਭਰ ਭਾਰਤ ਲਈ ਸਾਇੰਸ, ਤਕਨਾਲੋਜੀ, ਇੰਜਨੀਅਰਿੰਗ ਅਤੇ ਹਿਸਾਬ' ਦੀ ਮਹਤੱਤਾ ਤੇ ਅਧਾਰਿਤ ਇਕ ਦਿਨਾ ਅੰਤਰ-ਸੰਸਥਾਗਤ ਵਿਗਿਆਨਕ ਮੇਲਾ-2025 ਕਰਵਾਇਆ ਗਿਆ। ਇਸ ਸਾਲ 26 ਸਕੂਲਾਂ 7 ਕਾਲਜਾਂ ਅਤੇ ਹੋਰ ਵਿਦਿਅਕ ਸੰਸਥਾਵਾਂ ਦੇ 400 ਵਿਦਿਆਰਥੀਆਂ ਨੇ ਇਸ ਵਿਗਿਆਨਕ ਮੇਲੇ ਵਿਚ ਹਿੱਸਾ ਲਿਆ ਅਤੇ 'ਵਾਤਾਵਰਣ ਚੁਣੌਤੀਆਂ ਅਤੇ ਉਨ੍ਹਾਂ ਦੇ ਖਾਤਮੇ', 'ਵਿਗਿਆਨ ਅਤੇ ਤਕਨਾਲੋਜੀ ਵਿਚ ਉੱਭਰ ਰਹੇ ਰੁਝਾਨ', 'ਬਾਇਓਟੈਕਨਾਲੋਜੀ ਅਤੇ ਮਨੁੱਖੀ ਭਲਾਈ', 'ਟਿਕਾਊ ਖੇਤੀਬਾੜੀ', 'ਪੁਲਾੜ ਵਿਗਿਆਨ', 'ਮਨੁੱਖੀ ਜੀਵਨ ਵਿੱਚ ਗਣਿਤ', 'ਇੱਕ ਬਿਹਤਰ ਦੁਨੀਆ ਲਈ ਰਸਾਇਣ ਵਿਗਿਆਨ', 'ਸਿਹਤ ਅਤੇ ਸਫਾਈ' ਅਤੇ 'ਕੰਪਿਊਟਰ ਅਤੇ ਆਰਟੀਫੀਸ਼ੀਅਲ ਇੰਟੈਲੀਜੈਂਸ' ਵਿਸ਼ਿਆਂ 'ਤੇ ਆਪਣੇ ਮਾਡਲ ਅਤੇ ਪੋਸਟਰ ਪੇਸ਼ ਕੀਤੇ। ਇਸ ਵਿਗਿਆਨਕ ਮੇਲੇ ਵਿੱਚ ਮੋਦੀ ਕਾਲਜ ਦੀ ਪ੍ਰਬੰਧਕ ਕਮੇਟੀ ਦੇ ਮੈਂਬਰ ਪ੍ਰੋ. ਸੁਰਿੰਦਰਾ ਲਾਲ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ ਅਤੇ ਡਾ. ਅਸ਼ੋਕ ਕੁਮਾਰ ਮਲਿਕ, ਕੈਮਿਸਟਰੀ ਵਿਭਾਗ, ਪੰਜਾਬੀ ਯੂਨੀਵਰਸਿਟੀ, ਪਟਿਆਲਾ, ਡਾ. ਸਨੂਪ ਠਾਕੁਰ, ਭੌਤਿਕ ਵਿਗਿਆਨ ਵਿਭਾਗ, ਪੰਜਾਬੀ ਯੂਨੀਵਰਸਿਟੀ, ਪਟਿਆਲਾ, ਡਾ. ਰਾਕੇਸ਼ ਕੁਮਾਰ, ਗਣਿਤ ਵਿਭਾਗ, ਪੰਜਾਬੀ ਯੂਨੀਵਰਸਿਟੀ, ਪਟਿਆਲਾ, ਡਾ. ਰੰਜੀਤਾ ਭਾਰੀ, ਬਾਇਓਟੈਕਨਾਲੋਜੀ ਵਿਭਾਗ, ਪੰਜਾਬੀ ਯੂਨੀਵਰਸਿਟੀ, ਪਟਿਆਲਾ , ਡਾ. ਨਿਪੁੰਜਤ ਕੌਰ, ਬਾਇਓਟੈਕਨਾਲੋਜੀ ਵਿਭਾਗ, ਖਾਲਸਾ ਕਾਲਜ, ਪਟਿਆਲਾ, ਡਾ. ਨਿਧੀ ਬਾਂਸਲ, ਜ਼ੂਆਲੋਜੀ ਵਿਭਾਗ, ਪਬਲਿਕ ਕਾਲਜ, ਸਮਾਣਾ, ਡਾ. ਇੰਦਰਪ੍ਰੀਤ ਸਿੰਘ, ਪਬਲਿਕ ਕਾਲਜ, ਸਮਾਣਾ, ਡਾ. ਰਜਿੰਦਰ ਕੌਰ, ਅਤੇ ਡਾ. ਸ਼ਿਵਾਨੀ, ਭੌਤਿਕ ਵਿਗਿਆਨ ਵਿਭਾਗ, ਜੀ.ਸੀ.ਜੀ., ਪਟਿਆਲਾ ਨੇ ਵੱਖ-ਵੱਖ ਮਾਡਲ ਅਤੇ ਪੋਸਟਰ ਪੇਸ਼ਕਾਰੀ ਮੁਕਾਬਲਿਆਂ ਲਈ ਜੱਜਾਂ ਦੀ ਭੂਮਿਕਾ ਅਦਾ ਕੀਤੀ। ਕਾਲਜ ਪ੍ਰਿੰਸੀਪਲ ਡਾ. ਨੀਰਜ ਗੋਇਲ ਨੇ ਵਿਗਿਆਨਕ ਮੇਲੇ ਦਾ ਉਦਘਾਟਨ ਕਰਦੇ ਹੋਏ ਕਿਹਾ, 'ਵਿਗਿਆਨ ਅਤੇ ਤਕਨਾਲੋਜੀ ਕਿਸੇ ਵੀ ਦੇਸ਼ ਦੇ ਵਿਕਾਸ ਅਤੇ ਤਰੱਕੀ ਵਿਚ ਮਹੱਤਵਪੂਰਨ ਭੂਮਿਕਾ ਨਿਭਾਉਂਦੇ ਹਨ। ਇਹ ਵਿਗਿਆਨ ਮੇਲਾ ਸਾਡੇ ਵਿਦਿਆਰਥੀਆਂ ਲਈ ਆਪਣੀ ਵਿਗਿਆਨਕ ਸੂਝ, ਰਚਨਾਤਮਕਤਾ ਅਤੇ ਨਵੇਂ ਵਿਗਿਆਨਕ ਵਿਚਾਰਾਂ ਦਾ ਪ੍ਰਦਰਸ਼ਨ ਕਰਨ ਲਈ ਇੱਕ ਸ਼ਾਨਦਾਰ ਪਲੇਟਫਾਰਮ ਹੈ, ਇਸ ਮੌਕੇ ਵੱਡੀ ਗਿਣਤੀ ਵਿਦਿਅਰਥੀ ਹਾਜਰ ਸਨ।

ਪ੍ਰਾਇਮਰੀ ਸਕੂਲਾਂ 'ਚ ਪੜ੍ਹਦੇ ਬੱਚਿਆਂ ਨੂੰ ਮਿਆਰੀ ਸਿੱਖਿਆ ਦੇਣ ਲਈ ਅਧਿਆਪਕ ਪਾਬੰਦ- ਮਨਵਿੰਦਰ ਕੌਰ ਭੁੱਲਰ

ਦੇਵੀਗੜ੍ਹ, 28 ਅਕਤੂਬਰ (ਰਾਜਿੰਦਰ ਸਿੰਘ ਮੌਜੀ)-ਸਿੱਖਿਆ ਵਿਭਾਗ ਪੰਜਾਬ, ਸੂਬੇ ਦੇ ਬੱਚਿਆਂ ਨੂੰ ਮਿਆਰੀ ਸਿੱਖਿਆ ਪ੍ਰਦਾਨ ਕਰਨ ਲਈ ਪੂਰੀ ਤਰ੍ਹਾਂ ਵਚਨਬੱਧ ਹੈ। ਇਸੇ ਵਚਨਬੱਧਤਾ ਤਹਿਤ ਬੱਚਿਆਂ ਨੂੰ ਉੱਚ ਪੱਧਰੀ ਸਿੱਖਿਆ ਅਤੇ ਸਮੇਂ ਦੀਆਂ ਨਵੀਆਂ ਤਕਨੀਕਾਂ ਨਾਲ ਲੈਸ ਕਰਨ ਲਈ ਅਧਿਆਪਕਾਂ ਨੂੰ ਵੱਖ-ਵੱਖ ਦੇਸ਼ਾਂ ਜਿਵੇਂ ਕਿ ਸਿੰਘਾਪੁਰ ਅਤੇ ਫਿਨਲੈਂਡ ਸਮੇਤ ਕਈ ਥਾਵਾਂ 'ਤੇ ਉੱਚ-ਪੱਧਰੀ ਸਿਖਲਾਈ ਲਈ ਭੇਜਿਆ ਜਾ ਰਿਹਾ ਹੈ। ਇਸੇ ਲੜੀ ਦੇ ਤਹਿਤ, ਹੁਣ ਜ਼ਿਲ੍ਹਾ ਪਟਿਆਲਾ ਦੇ ਚਾਰ ਪ੍ਰਾਇਮਰੀ ਅਧਿਆਪਕਾਂ ਨੂੰ ਆਰ.ਆਈ.ਈ. (ਖੇਤਰੀ ਸਿੱਖਿਆ ਸੰਸਥਾਨ), ਅਜਮੇਰ ਤੋਂ ਵਿਸ਼ੇਸ਼ ਸਿਖਲਾਈ ਪ੍ਰਾਪਤ ਕਰਨ ਲਈ ਚੁਣਿਆ ਗਿਆ ਹੈ। ਇਨ੍ਹਾਂ ਚੁਣੇ ਗਏ ਅਧਿਆਪਕਾਂ 'ਚ ਨਵਦੀਪ ਸ਼ਰਮਾ (ਹੈੱਡ ਟੀਚਰ, ਸਕੂਲ ਤਫੱਜਲਪੁਰਾ, ਪਟਿਆਲਾ), ਸਤਵੀਰ ਸਿੰਘ (ਈ.ਟੀ.ਟੀ. ਅਧਿਆਪਕ, ਸਕੂਲ ਸਹੌਲੀ, ਬਲਾਕ ਭਾਦਸੋਂ2), ਲਖਵਿੰਦਰ ਸਿੰਘ (ਈ.ਟੀ.ਟੀ. ਅਧਿਆਪਕ, ਸਕੂਲ ਕੌਲੀ, ਪਟਿਆਲਾ) ਅਤੇ ਹਰਪ੍ਰੀਤ ਸਿੰਘ ਉੱਪਲ (ਈ.ਟੀ.ਟੀ. ਅਧਿਆਪਕ, ਸਕੂਲ ਕਪੂਰੀ, ਬਲਾਕ ਦੇਵੀਗੜ੍ਹ) ਸ਼ਾਮਲ ਹਨ।

ਜ਼ਿਲ੍ਹਾ ਪਟਿਆਲਾ ਦੇ ਮਿਆਰੀ ਸਿੱਖਿਆ ਦੀ ਸਿਖਲਾਈ ਲਈ ਜਾਣ ਵਾਲੇ ਚੁਣੇ ਗਏ ਚਾਰ ਅਧਿਆਪਕਾਂ ਦੀਆਂ ਤਸਵੀਰਾਂ।

ਇਸ ਮੌਕੇ 'ਤੇ ਗੱਲ ਕਰਦਿਆਂ, ਉਪ ਜ਼ਿਲ੍ਹਾ ਸਿੱਖਿਆ ਅਫ਼ਸਰ (ਪ੍ਰਾਇਮਰੀ) ਮੈਡਮ ਮਨਵਿੰਦਰ ਕੌਰ ਭੁੱਲਰ ਨੇ ਦੱਸਿਆ ਕਿ ਸਿੱਖਿਆ ਵਿਭਾਗ ਹਮੇਸ਼ਾ ਹੀ ਸਰਕਾਰੀ ਸਕੂਲਾਂ ਦੇ ਬੱਚਿਆਂ ਨੂੰ ਮਿਆਰੀ ਸਿੱਖਿਆ ਪ੍ਰਦਾਨ ਕਰਨ ਲਈ ਵਚਨਬੱਧ ਹੈ। ਉਨ੍ਹਾਂ ਸਪਸ਼ਟ ਕੀਤਾ ਕਿ ਸਰਕਾਰੀ ਸਕੂਲਾਂ ਦੇ ਅਧਿਆਪਕ ਬੱਚਿਆਂ ਨੂੰ ਮਿਆਰੀ ਸਿੱਖਿਆ ਦੇਣ ਲਈ ਪਾਬੰਦ ਹਨ। ਮੈਡਮ ਭੁੱਲਰ ਨੇ ਅੱਗੇ ਕਿਹਾ ਕਿ ਬੱਚਿਆਂ ਨੂੰ ਅਜੋਕੇ ਸਮੇਂ ਦੇ ਹਾਣੀ ਬਣਾਉਣ ਅਤੇ ਸਿੱਖਿਆ ਦੇ ਨਵੇਂ ਮਾਪਦੰਡਾਂ ਨਾਲ ਜਾਣੂ ਕਰਵਾਉਣ ਲਈ ਹੀ ਸਾਡੇ ਅਧਿਆਪਕਾਂ ਨੂੰ ਅਜਿਹੀਆਂ ਅਹਿਮ ਸਿਖਲਾਈਆਂ 'ਤੇ ਭੇਜਿਆ ਜਾ ਰਿਹਾ ਹੈ। ਵਿਭਾਗ ਇਨ੍ਹਾਂ ਯਤਨਾਂ ਨੂੰ ਅੱਗੇ ਵੀ ਜਾਰੀ ਰੱਖੇਗਾ ਤਾਂ ਜੋ ਸਿੱਖਿਆ ਦੀ ਗੁਣਵੱਤਾ ਨੂੰ ਲਗਾਤਾਰ ਉੱਚਾ ਚੁੱਕਿਆ ਜਾ ਸਕੇ। ਉਨ੍ਹਾਂ ਨੇ ਉਮੀਦ ਜਤਾਈ ਕਿ ਇਹ ਚਾਰੇ ਅਧਿਆਪਕ ਸਿਖਲਾਈ ਤੋਂ ਬਾਅਦ ਪ੍ਰਾਪਤ ਕੀਤੇ ਨਵੇਂ ਗਿਆਨ ਅਤੇ ਤਕਨੀਕਾਂ ਨੂੰ ਹੋਰਨਾਂ ਅਧਿਆਪਕਾਂ ਨਾਲ ਸਾਂਝਾ ਕਰਨਗੇ ਅਤੇ ਇਸ ਨੂੰ ਆਪਣੇ ਸਕੂਲਾਂ 'ਚ ਲਾਗੂ ਕਰਕੇ ਵਿਦਿਆਰਥੀਆਂ ਨੂੰ ਵੱਧ ਤੋਂ ਵੱਧ ਲਾਭ ਪਹੁੰਚਾਉਣਗੇ। ਸਿਖਲਾਈ ਲਈ ਚੁਣੇ ਗਏ ਅਧਿਆਪਕਾਂ ਵਿਚ ਖੁਸ਼ੀ ਦਾ ਮਾਹੌਲ ਪਾਇਆ ਗਿਆ ਹੈ।

ਸਰਕਾਰੀ ਬਿਕਰਮ ਕਾਲਜ ਆਫ ਕਾਮਰਸ ਪਟਿਆਲਾ ਵਿਖੇ ਕਰਵਾਏ ਪ੍ਰੋਗਰਾਮ ਦਾ ਦ੍ਰਿਸ਼। ਅਜੀਤ ਤਸਵੀਰ

ਬਿਕਰਮ ਕਾਲਜ 'ਚ ਵਿਜੀਲੈਂਸ ਬਿਊਰੋ ਵਲੋਂ ਭ੍ਰਿਸ਼ਟਾਚਾਰ ਵਿਰੋਧੀ ਜਾਗਰੂਕਤਾ ਹਫ਼ਤਾ ਮਨਾਇਆ

ਪਟਿਆਲਾ, 28 ਅਕਤੂਬਰ (ਗੁਰਵਿੰਦਰ ਸਿੰਘ ਔਲਖ)-ਸਰਕਾਰੀ ਬਿਕਰਮ ਕਾਲਜ ਆਫ ਕਾਮਰਸ ਪਟਿਆਲਾ ਵਿਖੇ ਭ੍ਰਿਸ਼ਟਾਚਾਰ ਵਿਰੋਧੀ ਸਾਲਾਨਾ ਜਾਗਰੂਕਤਾ ਹਫਤਾ ਮਨਾਇਆ ਗਿਆ, ਕਾਲਜ ਵਿਖੇ ਪ੍ਰਿੰਸੀਪਲ ਕੁਸੁਮ ਲਤਾ ਅਤੇ ਸਟਾਫ ਵਲੋਂ ਵਿਜੀਲੈਂਸ ਬਿਊਰੋ ਟੀਮ ਦਾ ਸਵਾਗਤ ਕੀਤਾ ਗਿਆ। ਇਸ ਮੌਕੇ ਰਾਜਪਾਲ ਸਿੰਘ ਐਸ.ਐਸ.ਪੀ. ਵਿਜੀਲੈਂਸ ਬਿਊਰੋ ਰੇਂਜ ਪਟਿਆਲਾ ਅਤੇ ਪਰਮਿੰਦਰ ਸਿੰਘ ਡੀ.ਐਸ.ਪੀ. ਵਿਜੀਲੈਂਸ ਬਿਊਰੋ ਯੂਨਿਟ ਪਟਿਆਲਾ ਵੱਲੋਂ ਭ੍ਰਿਸ਼ਟਾਚਾਰ ਰਾਹੀਂ ਦੇਸ਼/ਸਮਾਜ ਨੂੰ ਹੋਣ ਵਾਲੇ ਨੁਕਸਾਨ ਬਾਰੇ ਜਾਣੂ ਕਰਾਇਆ ਗਿਆ ਅਤੇ ਭ੍ਰਿਸ਼ਟਾਚਾਰ ਨੂੰ ਰੋਕਣ ਵਿੱਚ ਮਦਦ ਕਰਨ ਲਈ ਟੋਲ ਫ੍ਰੀ ਨੰਬਰ 1800-1800-1000, ਐਂਟੀ ਕਰੱਪਸ਼ਨ ਐਕਸ਼ਨ ਲਾਇਨ ਨੰਬਰ ਅਤੇ ਵਿਜੀਲੈਂਸ ਬਿਊਰੋ ਵਿਖੇ ਤਾਇਨਾਤ ਅਫਸਰਾਂ ਦੇ ਮੋਬਾਇਲ ਨੰਬਰਾਂ ਨੂੰ ਨੋਟ ਕਰਵਾਕੇ ਸਹਿਯੋਗ ਕਰਨ ਦੀ ਅਪੀਲ ਕੀਤੀ। ਇਸ ਮੌਕੇ ਹਾਜਰ ਕਾੱਲਜ ਦੇ ਸਟਾਫ ਅਤੇ ਵਿਦਿਆਰਥੀਆਂ ਨੂੰ ਭ੍ਰਿਸ਼ਟਾਚਾਰ ਨੂੰ ਰੋਕਣ ਵਿਚ ਮਦਦ ਕਰਨ ਅਤੇ ਭ੍ਰਿਸ਼ਟਾਚਾਰ ਨਾ ਕਰਨ ਲਈ ਪ੍ਰੇਰਿਤ ਕੀਤਾ ਗਿਆ। ਆਖਿਰ ਵਿਚ ਪ੍ਰਿੰਸੀਪਲ ਡਾ. ਕੁਸਮ ਲਤਾ, ਪ੍ਰੋਫੈਸਰ ਡਾ. ਰੀਤੂ ਕਪੂਰ (ਮੈਂਬਰ ਸੈਕ੍ਰੇਟਰੀ, ਡਾ. ਸਵੀਤਾ ਗੁਪਤਾ, ਡਾ. ਹਰਮਨਪ੍ਰੀਤ ਕੌਰ ਵਲੋਂ ਰਾਜਪਾਲ ਸਿੰਘ ਐਸ.ਐਸ.ਪੀ. ਅਤੇ ਪਰਮਿੰਦਰ ਸਿੰਘ ਡੀ.ਐਸ.ਪੀ. ਵਿਜੀਲੈਂਸ ਬਿਊਰੋ ਦੀ ਅਗੁਵਾਈ ਵਿਚ ਆਈ ਵਿਜੀਲੈਂਸ ਟੀਮ ਦਾ ਧੰਨਵਾਦ ਕੀਤਾ ਅਤੇ ਭ੍ਰਿਸ਼ਟਾਚਾਰ ਰੋਕਣ ਵਿੱਚ ਹਰ ਤਰ੍ਹਾਂ ਦੀ ਮੱਦਦ ਕਰਨ ਦਾ ਭਰੋਸਾ ਦਿੱਤਾ।

386 ਹੜ੍ਹ ਪੀੜਤਾਂ ਨੂੰ ਇਕ ਕਰੋੜ 83 ਲੱਖ ਤੋਂ ਵੱਧ ਦੀ ਰਾਸ਼ੀ ਦੇ ਪੱਤਰ ਵੰਡੇ

ਪਾਤੜਾਂ, 28 ਅਕਤੂਬਰ (ਜਗਦੀਸ਼ ਸਿੰਘ ਕੰਬੋਜ)-ਬਰਸਾਤ ਰੁੱਤ ਦੌਰਾਨ ਪਏ ਭਾਰੀ ਮੀਂਹ ਕਾਰਨ ਵਿਧਾਨ ਸਭਾ ਹਲਕਾ ਸ਼ੁਤਰਾਣਾ ਵਿਚ ਨੁਕਸਾਨੀਆਂ ਗਈਆਂ ਫ਼ਸਲਾਂ ਦਾ ਪ੍ਰਭਾਵਿਤ ਕਿਸਾਨਾਂ ਨੂੰ ਮੁਆਵਜ਼ਾ ਵੰਡਿਆ ਗਿਆ। ਇਸ ਮੰਡਲ ਮੈਜਿਸਟਰੇਟ ਪਾਤੜਾਂ ਅਸ਼ੋਕ ਕੁਮਾਰ ਦੀ ਦੇਖ-ਰੇਖ ਹੇਠ ਮਾਰਕੀਟ ਕਮੇਟੀ ਪਾਤੜਾਂ ਦੇ ਚੇਅਰਮੈਨ ਮਹਿੰਗਾ ਸਿੰਘ ਬਰਾੜ ਅਤੇ ਵਿਧਾਨ ਸਭਾ ਹਲਕਾ ਸ਼ੁਤਰਾਣਾ ਦੇ ਵਿਧਾਇਕ ਕੁਲਵੰਤ ਸਿੰਘ ਬਾਜੀਗਰ ਦੇ ਪੁੱਤਰ ਗੁਰਮੀਤ ਸਿੰਘ ਨੇ ਛੇ ਪਿੰਡਾਂ ਦੁਗਾਲ ਕਲਾਂ, ਹਰਿਆਊ ਖੁਰਦ, ਹਰਚੰਦਪੁਰਾ, ਰਾਮਪੁਰ ਪੜਤਾ, ਦੁਵਾਰਕਾਪੁਰ ਅਤੇ ਕਰੀਮ ਨਗਰ ਉਰਫ ਚਿੱਚੜਵਾਲਾ 346 ਲਾਭਪਾਤਰੀ ਕਿਸਾਨਾਂ ਨੂੰ ਇਕ ਕਰੋੜ 83 ਲੱਖ 20 ਹਜਾਰ ਰੁਪਏ ਦੀ ਮੁਆਵਜ਼ਾ ਰਾਸ਼ੀ ਤਕਸੀਮ ਕੀਤੀ ਗਈ। ਪ੍ਰਭਾਵਿਤ ਕਿਸਾਨਾਂ ਨੂੰ ਰਾਹਤ ਰਾਸ਼ੀ ਦੇ ਪੱਤਰ ਦੇਣ ਉਪਰੰਤ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਮਾਰਕੀਟ ਕਮੇਟੀ ਚੇਅਰਮੈਨ ਮਹਿੰਗਾ ਸਿੰਘ ਬਰਾੜ ਅਤੇ ਵਿਧਾਇਕ ਕੁਲਵੰਤ ਸਿੰਘ ਦੇ ਪੁੱਤਰ ਗੁਰਮੀਤ ਸਿੰਘ ਵਿੱਕੀ ਨੇ ਕਿਹਾ ਕਿ ਸੂਬੇ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਆਮ ਆਦਮੀ ਪਾਰਟੀ ਦੀ ਸਰਕਾਰ ਲਗਾਤਾਰ ਕਿਸਾਨਾਂ ਦੀ ਬੇਹਤਰੀ ਲਈ ਕੰਮ ਕਰਦੀ ਆ ਰਹੀ ਹੈ। ਕਿਸਾਨਾਂ ਨੂੰ ਨਿਰਵਿਘਨ ਦਿਨ ਵੇਲੇ ਬਿਜਲੀ ਸਪਲਾਈ ਦੇਣਾ ਨਹਿਰੀ ਪਾਣੀ ਮੁਹੱਈਆ ਕਰਵਾਉਣ ਲਈ ਰਜਵਾਹਿਆਂ ਦਾ ਨਵੀਨੀਕਰਨ ਕਰਕੇ ਨਵੇਂ ਨਹਿਰੀ ਖਾਲ ਬਣਾਉਣ ਅਤੇ ਪਾਈਪਲਾਈਨਾਂ ਨਾ ਕੇ ਖੇਤੀ ਖੇਤਰ ਲਈ ਨਹਿਰੀ ਪਾਣੀ ਦਿੱਤਾ ਜਾ ਰਿਹਾ ਹੈ।

ਉਨ੍ਹਾਂ ਕਿਹਾ ਕਿ ਆਪ ਸਰਕਾਰ ਦਾ ਮੁੱਖ ਮਕਸਦ ਖੇਤੀ ਪ੍ਰਧਾਨ ਸੂਬੇ ਪੰਜਾਬ ਦੀ ਖੇਤੀ ਆਰਥਿਕਤਾ ਨੂੰ ਸਹਾਰਾ ਦੇ ਕੇ ਕਰਜ਼ੇ ਦੇ ਜਾਲ ਵਿਚ ਫਸੀ ਕਿਸਾਨੀ ਨੂੰ ਬਚਾਉਣਾ ਹੈ। ਉਨ੍ਹਾਂ ਕਿਹਾ ਕਿ ਇਤਿਹਾਸ ਵਿੱਚ ਇਹ ਪਹਿਲੀ ਵਾਰ ਹੋਇਆ ਹੈ ਕਿ ਨੁਕਸਾਨੀਆਂ ਗਈਆਂ ਫਸਲਾਂ ਦਾ ਮੁਆਵਜ਼ਾ ਜਿੱਥੇ ਸਮੇਂ ਸਿਰ ਦਿੱਤਾ ਜਾ ਰਿਹਾ ਹੈ ਉੱਥੇ ਇਸ ਦੀ ਰਾਸ਼ੀ ਵਧਾ ਕੇ ਕਿਸਾਨਾਂ ਦੇ ਦੁੱਖ ਘਟਾਉਣ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ। ਇਸ ਮੌਕੇ ਹੋਰਨਾਂ ਤੋਂ ਇਲਾਵਾ ਆਮ ਆਦਮੀ ਪਾਰਟੀ ਦੇ ਸ਼ਹਿਰੀ ਪ੍ਰਧਾਨ ਮਦਨ ਲਾਲ, ਸਾਬਕਾ ਸਰਪੰਚ ਬਲਜੀਤ ਸਿੰਘ ਸਹੋਤਾ ਅਤੇ ਮੇਜਰ ਸਿੰਘ ਮਤੌਲੀ ਆਦਿ ਹਾਜ਼ਰ ਸਨ।

ਪ੍ਰਭਾਵਿਤ ਕਿਸਾਨਾਂ ਨੂੰ ਮੁਆਵਜ਼ਾ ਰਾਸ਼ੀ ਦੇ ਪੱਤਰ ਦਿੰਦੇ ਹੋਏ ਚੇਅਰਮੈਨ ਮਹਿੰਗਾ ਸਿੰਘ ਬਰਾੜ ਅਤੇ ਆਪ ਆਗੂ ਗੁਰਮੀਤ ਸਿੰਘ ਵਿੱਕੀ। ਤਸਵੀਰ : ਜਗਦੀਸ਼ ਸਿੰਘ ਕੰਬੋਜ

ਪੰਜਾਬ ਕਾਲਜ ਆਫ ਲਾਅ ਵਿਖੇ ਖਾਲਸਾ ਕਾਲਜ ਪਟਿਆਲਾ ਦੀ ਟੀਮ ਨੂੰ ਖੇਤਰੀ ਯੁਵਕ ਅਤੇ ਲੋਕ ਮੇਲੇ ਦੀ ਓਵਰਆਲ ਟਰਾਫੀ ਦਿੰਦੇ ਹੋਏ ਉਪ-ਕੁਲਪਤੀ ਡਾ. ਜਗਦੀਪ ਸਿੰਘ, ਡਾ. ਭੀਮਇੰਦਰ ਸਿੰਘ, ਡਾ. ਰਾਮ ਸਿੰਘ ਢੱਲ ਨਾਲ ਡਾ. ਚਰਨਜੀਤ ਸਿੰਘ ਸੋਹੀ ਤੇ ਹੋਰ। (ਸੱਜੇ) ਪੰਜਾਬ ਕਾਲਜ ਆਫ ਲਾਅ ਵਿਖੇ ਯੁਵਕ ਮੇਲੇ ਦੇ ਆਖਰੀ ਦਿਨ ਗਿੱਧੇ ਦੀ ਪੇਸ਼ਕਾਰੀ ਦਿੰਦੀਆਂ ਹੋਈਆਂ ਵਿਦਿਆਰਥਣਾਂ। ਅਜੀਤ ਤਸਵੀਰ

ਪੰਜਾਬ ਕਾਲਜ ਆਫ਼ ਲਾਅ ਵਿਖੇ ਖੇਤਰੀ ਯੁਵਕ ਤੇ ਲੋਕ ਮੇਲਾ ਗਿੱਧੇ ਦੀਆਂ ਧਮਾਲਾਂ ਨਾਲ ਹੋਇਆ ਸਮਾਪਤ

ਬਹਾਦਰਗੜ੍ਹ, 28 ਅਕਤੂਬਰ (ਕੁਲਵੀਰ ਸਿੰਘ ਧਾਲੀਵਾਲ)-ਪੰਜਾਬ ਕਾਲਜ ਆਫ਼ ਲਾਅ, ਰਾਏਪੁਰ, ਬਹਾਦਰਗੜ੍ਹ, ਪਟਿਆਲਾ ਵਿਖੇ ਯੂਥ ਭਲਾਈ ਵਿਭਾਗ ਦੇ ਡਾਇਰੈਕਟਰ ਡਾ. ਭੀਮਇੰਦਰ ਸਿੰਘ ਅਤੇ ਪੰਜਾਬ ਕਾਲਜ ਆਫ਼ ਲਾਅ ਦੇ ਚੇਅਰਮੈਨ ਡਾ. ਰਾਮ ਸਿੰਘ ਢੱਲ ਦੀ ਅਗਵਾਈ ਹੇਠ ਚੱਲ ਰਿਹਾ ਖੇਤਰੀ ਯੁਵਕ ਤੇ ਲੋਕ ਮੇਲਾ, ਪਟਿਆਲਾ ਜ਼ੋਨ ਅੱਜ ਸਮਾਪਤ ਹੋ ਗਿਆ। ਮੇਲੇ ਦੇ ਚੌਥੇ ਦਿਨ ਮੁੱਖ ਮਹਿਮਾਨ ਵਜੋਂ ਉਪ-ਕੁਲਪਤੀ ਜਗਤ ਗੁਰੂ ਨਾਨਕ ਦੇਵ ਪੰਜਾਬ ਸਟੇਟ ਓਪਨ ਯੂਨੀਵਰਸਿਟੀ ਡਾ. ਰਤਨ ਸਿੰਘ ਨੇ ਸ਼ਿਰਕਤ ਕੀਤੀ। ਮੁੱਖ ਮਹਿਮਾਨ ਵਲੋਂ ਵਿਦਿਆਰਥੀਆਂ ਦੀ ਸ਼ਲਾਘਾ ਕੀਤੀ ਗਈ। ਵਿਸ਼ੇਸ਼ ਮਹਿਮਾਨ ਵਜੋਂ ਡਾ. ਬਲਜੀਤ ਸਿੰਘ ਖਹਿਰਾ ਰਜਿਸਟਰਾਰ ਜਗਤ ਗੁਰੂ ਨਾਨਕ ਦੇਵ ਪੰਜਾਬ ਸਟੇਟ ਓਪਨ ਯੂਨੀਵਰਸਿਟੀ ਨੇ ਸ਼ਿਰਕਤ ਕੀਤੀ। ਉਪ-ਕੁਲਪਤੀ ਡਾ. ਜਗਦੀਪ ਸਿੰਘ ਨੇ ਕਿਹਾ ਕਿ ਵਿਦਿਆਰਥੀਆਂ ਨੂੰ ਆਪਣੇ ਵਿਰਸੇ, ਸੱਭਿਆਚਾਰ ਅਤੇ ਲੋਕ ਕਲਾਵਾਂ ਨਾਲ ਜੁੜਨਾ ਚਾਹੀਦਾ ਹੈ ਤੇ ਯੁਵਕ ਮੇਲੇ ਉਨ੍ਹਾਂ ਨੂੰ ਇਨ੍ਹਾਂ ਸਭ ਨਾਲ ਜੋੜਦੇ ਹਨ। ਇਸ ਮੇਲੇ ਦੇ ਕੰਟਰੋਲਰ ਪ੍ਰੀਖਿਆਵਾਂ ਪੰਜਾਬੀ ਯੂਨੀਵਰਸਿਟੀ ਨੇ ਸ਼ਿਰਕਤ ਕੀਤੀ। ਉਪ-ਕੁਲਪਤੀ ਡਾ. ਜਗਦੀਪ ਸਿੰਘ ਨੇ ਕਿਹਾ ਕਿ ਵਿਦਿਆਰਥੀਆਂ ਨੂੰ ਆਪਣੇ ਵਿਰਸੇ, ਸੱਭਿਆਚਾਰ ਅਤੇ ਲੋਕ ਕਲਾਵਾਂ ਨਾਲ ਜੁੜਨਾ ਚਾਹੀਦਾ ਹੈ ਤੇ ਯੁਵਕ ਮੇਲੇ ਉਨ੍ਹਾਂ ਨੂੰ ਇਨ੍ਹਾਂ ਸਭ ਨਾਲ ਜੋੜਦੇ ਹਨ। ਇਸ ਮੇਲੇ ਦੇ ਮਹਿਮਾਨਾ ਦਾ ਧੰਨਵਾਦ ਕੀਤਾ ਗਿਆ। ਮੇਲੇ ਦੇ ਚੌਥੇ ਦਿਨ ਗਿੱਧਾ, ਰਵਾਇਤੀ ਪਹਿਰਾਵਾ ਪ੍ਰਦਰਸ਼ਨੀ, ਸ਼ਾਸ਼ਤਰੀ ਨ੍ਰਿਤ, ਰਵਾਇਤੀ ਲੋਕ-ਗੀਤ, ਸ਼ਾਸ਼ਤਰੀ ਸੰਗੀਤ ਵਾਦਨ (ਤਾਲ), ਸ਼ਾਸ਼ਤਰੀ ਸੰਗੀਤ ਵਾਦਨ (ਸਵਰ), ਕਲੀ